**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 pm**

**ਮਿਤੀ: 18-06-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਸਪਸ਼ਟ ਕੀਤਾ ਕਿ -ਭਾਰਤ ਨੇ ਪਾਕਿਸਤਾਨ ਨਾਲ ਮਾਮਲਿਆਂ ਨੂੰ ਸੁਲਝਾਉਣ ਵਿੱਚ, ਕਦੀ ਵੀ ਤੀਜੀ ਧਿਰ ਦੀ ਸਾਲਸੀ ਨੂੰ ਸਵੀਕਾਰ ਨਹੀਂ ਕੀਤਾ ਅਤੇ ਨਾ ਹੀ ਕਰੇਗਾ।
- ਲੁਧਿਆਣਾ ਪੱਛਮੀ ਵਿਧਾਨ ਸਭਾ ਹਲਕੇ ਲਈ ਜ਼ਿਮਨੀ ਚੋਣ ਕੱਲ੍ਹ ਨੂੰ - ਸੁਚਾਰੂ ਢੰਗ ਨਾਲ ਵੋਟਿੰਗ ਕਰਵਾਉਣ ਲਈ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ -ਜ਼ਿਮਨੀ ਚੋਣ ਲਈ ਕੁੱਲ 14 ਉਮੀਦਵਾਰ ਚੋਣ ਮੈਦਾਨ 'ਚ I
- ਪੰਜਾਬ ਵਿਚ ਸੂਬਾ ਪੱਧਰੀ ਯੋਗ ਸਮਾਗਮ 2025', ਕੱਲ ਨੂੰ ਜਲੰਧਰ ਵਿਚ ਆਯੋਜਿਤ ਕੀਤਾ ਜਾਵੇਗਾ I

- ਪੰਜਾਬ ਰਾਜ ਵਿਸ਼ੇਸ਼ ਆਪ੍ਰੇਸ਼ਨ ਸੈੱਲ ਨੇ ਨੰਗਲ ਵਿਖੇ, ਡਾ. ਬੀ.ਆਰ. ਅੰਬੇਡਕਰ ਦੇ ਬੁੱਤ ਨੂੰ ਤੋੜਨ ਦੇ ਦੋਸ਼ ਵਿੱਚ ਪਾਬੰਦੀਸ਼ੁਦਾ ਸੰਗਠਨ ਸਿੱਖਸ ਫਾਰ ਜਸਟਿਸ ਦੇ ਇੱਕ ਮੁੱਖ ਕਾਰਕੁਨ ਨੂੰ ਕੀਤਾ ਗ੍ਰਿਫ਼ਤਾਰ।

---------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਸਪਸ਼ਟ ਰੂਪ ਨਾਲ ਕਿਹਾ ਏ ਕਿ ਭਾਰਤ ਨੇ ਪਾਕਿਸਤਾਨ ਨਾਲ ਮਾਮਲਿਆਂ ਨੂੰ ਸੁਲਝਾਉਣ ਵਿੱਚ ਤੀਜੀ ਧਿਰ ਦੀ ਸਾਲਸੀ ਨੂੰ ਕਦੇ ਵੀ ਸਵੀਕਾਰ ਨਹੀਂ ਕੀਤਾ ਏ ਅਤੇ ਨਾ ਹੀ ਕਦੇ ਸਵੀਕਾਰ ਕਰੇਗਾ। ਇਸ ਬਾਰੇ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਦਸਿਆ।

**BYTE:**

ਊਨਾ ਦਸਿਆ ਕਿ ਸ਼੍ਰੀ ਮੋਦੀ ਨੇ ਰਾਸ਼ਟਰਪਤੀ ਟਰੰਪ ਨਾਲ ਫ਼ੋਨ 'ਤੇ ਗੱਲਬਾਤ ਕੀਤੀ ਅਤੇ ਹਾਲ ਹੀ ਵਿੱਚ ਆਪ੍ਰੇਸ਼ਨ ਸਿੰਦੂਰ 'ਤੇ ਚਰਚਾ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਭਾਰਤ-ਅਮਰੀਕਾ ਵਪਾਰ ਸਮਝੌਤੇ ਅਤੇ ਭਾਰਤ ਅਤੇ ਪਾਕਿਸਤਾਨ ਵਿਚਕਾਰ

ਹਾਲ ਹੀ ਵਿੱਚ ਹੋਈ ਫੌਜੀ ਕਾਰਵਾਈ ਨੂੰ ਰੋਕਣ ਲਈ ਅਮਰੀਕੀ ਸਾਲਸੀ ਬਾਰੇ ਕਦੇ ਵੀ ਕਿਸੇ ਪੱਧਰ 'ਤੇ ਕੋਈ ਗੱਲ ਨਹੀਂ ਹੋਈ। ਵਿਦੇਸ਼ ਸਕੱਤਰ ਨੇ ਦਸਿਆ ਕਿ ਪ੍ਰਧਾਨ ਮੰਤਰੀ ਮੋਦੀ ਨੇ ਦੁਹਰਾਇਆ ਕਿ ਭਾਰਤ ਹੁਣ ਦਹਿਸ਼ਤਗਰਦੀ ਕਾਰਵਾਈਆਂ ਨੂੰ ਯੁੱਧ ਦੀਆਂ ਕਾਰਵਾਈਆਂ ਸਮਝੇਗਾ।

**BYTE:**

ਸ਼੍ਰੀ ਮੋਦੀ ਅਤੇ ਰਾਸ਼ਟਰਪਤੀ ਟਰੰਪ ਦੀ ਮੁਲਾਕਾਤ ਕੈਨੇਡਾ ਵਿੱਚ ਜੀ-7 ਸੰਮੇਲਨ ਦੌਰਾਨ ਹੋਣੀ ਸੀ ਪਰ ਇਹ ਸੰਭਵ ਨਹੀਂ ਹੋ ਸਕਿਆ ਕਿਉਂਕਿ ਸ਼੍ਰੀ ਟਰੰਪ ਨੂੰ ਜਲਦੀ ਅਮਰੀਕਾ ਵਾਪਸ ਆਉਣਾ ਪਿਆ। ਪ੍ਰਧਾਨ ਮੰਤਰੀ ਮੋਦੀ ਨੇ ਰਾਸ਼ਟਰਪਤੀ ਟਰੰਪ ਨੂੰ ਭਾਰਤ ਆਉਣ ਦਾ ਸੱਦਾ ਦਿੱਤਾ, ਜਿਸਨੂੰ ਉਨ੍ਹਾਂ ਨੇ ਸਵੀਕਾਰ ਕਰ ਲਿਆ।

---------------------------------------------------------------

ਲੁਧਿਆਣਾ ਪੱਛਮੀ ਵਿਧਾਨ ਸਭਾ ਹਲਕੇ ਲਈ ਜ਼ਿਮਨੀ ਚੋਣ ਕੱਲ੍ਹ ਹੋਵੇਗੀ। ਵੋਟਿੰਗ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਹੋਵੇਗੀ ਅਤੇ ਨਤੀਜੇ 23 ਜੂਨ ਨੂੰ ਐਲਾਨੇ ਜਾਣਗੇ। ਅਧਿਕਾਰੀਆਂ ਨੇ ਸ਼ਾਂਤੀਪੂਰਨ ਵੋਟਿੰਗ ਕਰਵਾਉਣ ਲਈ ਸਾਰੇ ਲੋੜੀਂਦੇ ਪ੍ਰਬੰਧ ਕੀਤੇ ਨੇ। ਚੋਣ ਪ੍ਰਕਿਰਿਆ

ਦੌਰਾਨ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ, ਹਰੇਕ ਪੋਲਿੰਗ ਸਟੇਸ਼ਨ 'ਤੇ ਲਾਈਵ ਵੈੱਬ-ਕਾਸਟਿੰਗ ਦੀ ਵੀ ਯੋਜਨਾ ਬਣਾਈ ਗਈ ਏ। ਹੋਰਨਾਂ ਪ੍ਰਬੰਧਾਂ ਬਾਰੇ ਜ਼ਿਲ੍ਹਾ ਚੋਣ ਅਧਿਕਾਰੀ ਹਿਮਾਂਸ਼ੂ ਜੈਨ ਨੇ ਦਸਿਆ

**BYTE:**

19 ਜੂਨ ਦੀ ਜ਼ਿਮਨੀ -ਚੋਣ ਲਈ ਕੁੱਲ 14 ਉਮੀਦਵਾਰ ਚੋਣ ਮੈਦਾਨ ਵਿੱਚ ਹਨ। ਸੂਤਰਾਂ ਅਨੁਸਾਰ, 194 ਪੋਲਿੰਗ ਸਟੇਸ਼ਨ ਸਥਾਪਤ ਕੀਤੇ ਗਏ ਹਨ। ਇਨ੍ਹਾਂ ਵਿੱਚ 10 ਮਾਡਲ ਪੋਲਿੰਗ ਬੂਥ, ਇੱਕ ਪੂਰੀ ਤਰ੍ਹਾਂ ਔਰਤਾਂ ਦੁਆਰਾ ਪ੍ਰਬੰਧਿਤ ਬੂਥ, ਇੱਕ ਵਾਤਾਵਰਣ-ਅਨੁਕੂਲ "green" ਬੂਥ, ਅਤੇ ਦਿਵਿਆਗ ਸਟਾਫ ਦੁਆਰਾ ਸੰਚਾਲਿਤ ਇੱਕ ਬੂਥ ਸ਼ਾਮਲ ਨੇ। ਇਸ ਤੋਂ ਇਲਾਵਾ, 13 ਬੂਥਾਂ ਨੂੰ ਸੰਵੇਦਨਸ਼ੀਲ ਐਲਾਨਿਆ ਗਿਆ ਏ, ਜਿੱਥੇ ਅਰਧ ਸੈਨਿਕ ਬਲ ਤਾਇਨਾਤ ਕੀਤੇ ਜਾਣਗੇ। ਕੁੱਲ 1 ਲਖ 75 ਹਜ਼ਾਰ 469 ਵੋਟਰ ਆਪਣੀ ਵੋਟ ਦੀ ਵਰਤੋਂ ਕਰਨਗੇ। ਇਨ੍ਹਾਂ ਵਿੱਚ 90 ਹਜ਼ਾਰ 88 ਮਰਦ ਅਤੇ 85 ਹਜ਼ਾਰ 371 ਔਰਤਾਂ ਅਤੇ 10 ਟ੍ਰਾਂਸ ਜੈਂਡਰ ਸ਼ਾਮਲ ਹਨ। ਅਧਿਕਾਰਤ ਸੂਤਰਾਂ ਅਨੁਸਾਰ, ਬਜ਼ੁਰਗ ਨਾਗਰਿਕਾਂ, ਦਿਵੀਆਂਗ ਵਿਅਕਤੀਆਂ ਅਤੇ ਡਾਕਟਰੀ ਸਮੱਸਿਆਵਾਂ

ਵਾਲੇ ਵੋਟਰਾਂ ਦੀ ਸਹੂਲਤ ਲਈ, ਘਰ ਵੋਟਿੰਗ ਪਹਿਲਾਂ ਹੀ ਕਰਵਾਈ ਜਾ ਚੁੱਕੀ ਏ  ਜਿਸ ਵਿੱਚ ਕੁੱਲ 239 ਵੋਟਰਾਂ ਨੇ ਹਿੱਸਾ ਲਿਆ। ਇਸੇ ਤਰਾਂ ਹੋਰਨਾਂ ਸਹੂਲਤਾਂ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਧਿਕਾਰੀ ਨੇ ਦਸਿਆ।

**BYTE:**

ਇਸ ਸਾਲ ਜਨਵਰੀ ਵਿੱਚ ਆਮ ਆਦਮੀ ਪਾਰਟੀ ਵਿਧਾਇਕ ਗੁਰਪ੍ਰੀਤ ਬੱਸੀ ਗੋਗੀ ਦੇ ਦੇਹਾਂਤ ਤੋਂ ਬਾਅਦ ਲੁਧਿਆਣਾ ਪੱਛਮੀ ਹਲਕੇ ਵਿੱਚ ਚੋਣ ਜ਼ਰੂਰੀ ਹੋ ਗਈ ਸੀ। ਸੱਤਾਧਾਰੀ ਆਮ ਆਦਮੀ ਪਾਰਟੀ ਨੇ ਰਾਜ ਸਭਾ ਮੈਂਬਰ ਸੰਜੀਵ ਅਰੋੜਾ ਨੂੰ ਮੈਦਾਨ ਵਿੱਚ ਉਤਾਰਿਆ ਏ ਜਦੋਂ ਕਿ ਭਾਰਤ ਭੂਸ਼ਣ ਆਸ਼ੂ ਕਾਂਗਰਸ ਦੇ ਉਮੀਦਵਾਰ ਹਨ। BJP ਦੇ ਜੀਵਨ ਗੁਪਤਾ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪਰੋ-ਪਕਾਰ ਸਿੰਘ ਘੁੰਮਣ ਕੁਝ ਹੋਰ ਪ੍ਰਮੁੱਖ ਉਮੀਦਵਾਰਾਂ ਵਿੱਚੋਂ ਨੇ। ਇਸ ਦੌਰਾਨ, ਕੁਝ ਔਨਲਾਈਨ ਨਿਊਜ਼ ਚੈਨਲਾਂ ਖਿਲਾਫ ਇੱਕ ਓਪੀਨੀਅਨ ਪੋਲ ਪ੍ਰਕਾਸ਼ਤ ਕਰਕੇ ਚੋਣ ਕਮਿਸ਼ਨ ਦੁਆਰਾ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਉਲੰਘਣਾ ਕਰਨ 'ਤੇ ਇੱਕ ਮਾਮਲਾ ਦਰਜ ਕੀਤਾ ਗਿਆ  ਜੋ ਕਰਦਾ ਏ   । ਇਹ ਸ਼ਿਕਾਇਤ ਰਸਮੀ ਤੌਰ 'ਤੇ

64-ਲੁਧਿਆਣਾ (ਪੱਛਮੀ) ਵਿਧਾਨ ਸਭਾ ਹਲਕੇ ਦੇ ਰਿਟਰਨਿੰਗ ਅਫਸਰ ਦੁਆਰਾ ਦਰਜ ਕੀਤੀ ਗਈ ਸੀ। ਅਜਿਹੇ ਪੋਲ ਦੇ ਪ੍ਰਕਾਸ਼ਨ ਨੂੰ ਵੋਟਰਾਂ ਦੀ ਧਾਰਨਾ ਅਤੇ ਚੋਣ ਪ੍ਰਤੀਕਿਰਿਆ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਵਜੋਂ ਦੇਖਿਆ ਜਾਂਦਾ ਏ , ਜਿਸ ਨਾਲ ਚੋਣ ਪ੍ਰਕਿਰਿਆ ਦੀ ਅਖੰਡਤਾ ਨੂੰ ਨੁਕਸਾਨ ਪਹੁੰਚਦਾ ਏ।

---------------------------------------------

21 ਜੂਨ ਨੂੰ ਦੁਨੀਆ ਭਰ ਵਿੱਚ 11ਵਾਂ ਕੌਮਾਂਤਰੀ ਯੋਗ ਦਿਵਸ ਮਨਾਇਆ ਜਾਵੇਗਾ । ਆਕਾਸ਼ਵਾਣੀ ਸਮਾਚਾਰ ਤੁਹਾਡੇ ਲਈ ਪ੍ਰਾਚੀਨ ਭਾਰਤੀ ਰਿਵਾਇਤਾਂ ਤੋਂ ਇੱਕ ਵਿਸ਼ਵ-ਵਿਆਪੀ ਲਹਿਰ ਤੱਕ ਯੋਗ ਦੇ ਵਿਕਾਸ ਬਾਰੇ ਇੱਕ ਵਿਸ਼ੇਸ਼ ਫ਼ੀਚਰ ਲੈਕੇ ਆਇਆ ਏ ।

***ਪੇਸ਼ ਏ ਇਕ ਰਿਪੋਰਟ :"ਯੋਗ ਦਾ ਇਤਿਹਾਸ ਭਾਰਤ ਦੀ ਪ੍ਰਾਚੀਨ ਸੱਭਿਅਤਾ ਵਿੱਚ ਡੂੰਘਾਈ ਨਾਲ ਜੁੜਿਆ ਹੋਇਆ ਏ । ਇਹ ਸ਼ੁਰੂਆਤੀ ਸਿੰਧੂ-ਸਰਸਵਤੀ ਘਾਟੀ ਸੱਭਿਆਚਾਰ ਵਿੱਚ ਇੱਕ ਅਧਿਆਤਮਿਕ ਅਭਿਆਸ ਵਜੋਂ ਸ਼ੁਰੂ ਹੋਇਆ ਸੀ ਅਤੇ ਹੌਲੀ-ਹੌਲੀ ਸਵੈ-ਅਨੁਭਵ ਵੱਲ ਇੱਕ ਅਨੁਸ਼ਾਸਿਤ ਮਾਰਗ ਵਿੱਚ ਵਿਕਸਤ***

ਹੋਇਆ। ਕਈ ਸਾਲਾਂ ਤੋਂ, ਵਿਦਵਾਨਾਂ ਦਾ ਮੰਨਣਾ ਸੀ ਕਿ ਯੋਗ ਦੀ ਸ਼ੁਰੂਆਤ ਲਗਭਗ 500 ਈਸਾ ਪੂਰਵ, ਬੁੱਧ ਧਰਮ ਦੇ ਉਭਾਰ ਦੌਰਾਨ ਹੋਈ ਸੀ। ਹਾਲਾਂਕਿ, ਸਿੰਧੂ-ਸਰਸਵਤੀ ਘਾਟੀ ਸੱਭਿਅਤਾ ਤੋਂ ਪੁਰਾਤੱਤਵ ਖੋਜਾਂ ਤੋਂ ਪਤਾ ਲੱਗਦਾ ਹੈ ਕਿ ਯੋਗ ਬਹੁਤ ਪੁਰਾਣਾ ਏ । ਸਮੇਂ ਦੇ ਨਾਲ, ਇਹ ਅਭਿਆਸ ਇੱਕ ਅਮੀਰ ਅਨੁਸ਼ਾਸਨ ਵਿੱਚ ਪ੍ਰਫੁੱਲਤ ਹੋਇਆ। ਇਹ ਵੇਦਾਂ, ਉਪਨਿਸ਼ਦਾਂ ਅਤੇ ਬਾਅਦ ਵਿੱਚ ਪਤੰਜਲੀ ਦੇ ਯੋਗ ਸੂਤਰ ਵਿੱਚ ਪ੍ਰਵਾਹਿਤ ਹੋਇਆ। 2014 ਵਿੱਚ, ਪ੍ਰਧਾਨ ਮੰਤਰੀ ਨਰਤੇਂਦਰ  ਮੋਦੀ ਨੇ ਸੰਯੁਕਤ ਰਾਸ਼ਟਰ ਮਹਾਸਭਾ ਨੂੰ ਸੰਬੋਧਨ ਕਰਦਿਆਂ , 21 ਜੂਨ ਨੂੰ ਕੌਮਾਂਤਰੀ  ਯੋਗ ਦਿਵਸ ਵਜੋਂ ਮਨਾਉਣ ਦੀ ਤਜਵੀਜ ਕੀਤੀ । ਤਜਵੀਜ ਨੂੰ ਭਾਰੀ ਸਮਰਥਨ ਨਾਲ ਅਪਣਾਇਆ ਗਿਆ। ਉਦੋਂ ਤੋਂ, 21 ਜੂਨ ਨੂੰ ਦੁਨੀਆ ਭਰ ਵਿੱਚ ਕੌਮਾਂਤਰੀ ਯੋਗ ਦਿਵਸ ਵਜੋਂ ਮਨਾਇਆ ਜਾਂਦਾ ਏ । ਅਸੀਂ ਇਸ ਹਫ਼ਤੇ 11ਵਾਂ ਕੌਮਾਂਤਰੀ ਯੋਗ ਦਿਵਸ ਨੂੰ ਮਨਾ ਰਹੇ ਹਾਂ, ਇਸ ਸਾਲ ਦਾ ਥੀਮ "ਇੱਕ ਧਰਤੀ, ਇੱਕ ਸਿਹਤ ਲਈ ਯੋਗਾ" ਏਕਤਾ ਅਤੇ

***<u>ਤੰਦਰੁਸਤੀ ਦਾ ਸੰਦੇਸ਼ ਦਿੰਦਾ ਏ । ਬਿਓਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ</u>***

---------------------------------------------------------

ਪੰਜਾਬ ਵਿਚ ਸੂਬਾ ਪੱਧਰੀ ਯੋਗ ਸਮਾਗਮ 2025', ਕੱਲ 19 ਜੂਨ ਨੂੰ ਜਲੰਧਰ ਸਥਿਤ ਪੀ.ਏ.ਪੀ.ਕੰਪਲੈਕਸ ਵਿਚ ਸਵੇਰੇ 5 ਵਜੇ ਤੋਂ ਆਯੋਜਿਤ ਕੀਤਾ ਜਾਵੇਗਾ ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਅੱਜ ਤੜਕੇ ਸਮਾਗਮ ਵਾਲੀ ਥਾਂ ਦਾ ਦੌਰਾ ਇਸ ਸਮਾਗਮ ਦੀਆਂ ਤਿਆਰੀਆਂ ਦਾ ਨਿਰੀਖਣ ਕੀਤਾ । ਸਮਾਗਮ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਮਾਣ ਪ੍ਰਗਟ ਕੀਤਾਏ ਕਿ ਪੰਜਾਬ ਸਰਕਾਰ ਵਲੋਂ ਜਲੰਧਰ ਨੂੰ ਇਸ ਵੱਕਾਰੀ ਸੂਬਾ ਪੱਧਰੀ ਸਮਾਰੋਹ ਦੀ ਮੇਜ਼ਬਾਨੀ ਲਈ ਚੁਣਿਆ ਗਿਆ ਏ ਜਿਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਵਲੰਟੀਅਰ ਭਾਗ ਲੈਣਗੇ ਅਤੇ ਸੂਬੇ ਭਰ ਵਿੱਚ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਦਾ ਸੰਦੇਸ਼ ਦੇਣ ਲਈ ਮਾਹਰ ਟ੍ਰੇਨਰਾਂ ਦੀ ਅਗਵਾਈ ਹੇਠ ਇਕੱਠੇ ਯੋਗਾ ਕਰਨਗੇ। ਡਾ. ਅਗਰਵਾਲ ਨੇ ਕਿਹਾ ਕਿ ਸਮਾਗਮ ਨੂੰ ਸੁਚੱਜੇ ਢੰਗ ਨਾਲ

ਨੇਪਰੇ ਚਾੜ੍ਹਨ ਲਈ ਵਿਆਪਕ ਤਿਆਰੀਆਂ ਕੀਤੀਆਂ ਗਈਆਂ ਨੇ ਅਤੇ ਵੱਖ-ਵੱਖ ਵਿਭਾਗਾਂ ਨੂੰ ਖਾਸ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ। ਇਸ ਦੌਰਾਨ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਕਿਹਾ ਕਿ ਇਸ ਸਮਾਗਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਅਤੇ ਭਾਗੀਦਾਰਾਂ ਦੀ ਸਹੂਲਤ ਲਈ ਪੁਲਿਸ ਵੱਲੋਂ ਢੁੱਕਵੇਂ ਸੁਰੱਖਿਆ ਪ੍ਰਬੰਧ ਯਕੀਨੀ ਬਣਾਏ ਗਏ ਹਨ। ਨਿਰਵਿਘਨ ਆਵਾਜਾਈ ਲਈ ਸੁਚਾਰੂ ਢੰਗ ਨਾਲ ਟ੍ਰੈਫਿਕ ਵਿਵਸਥਾ ਲਾਗੂ ਕੀਤੀ ਗਈ ਏ ।

-----------------------------------------------------------

ਬਠਿੰਡਾ ਦੇ ਸਹਾਇਕ ਕਮਿਸ਼ਨਰ ਗਗਨਦੀਪ ਸਿੰਘ ਨੇ  ਸ਼ਹੀਦ ਭਗਤ ਸਿੰਘ ਖੇਡ ਸਟੇਡੀਅਮ ਵਿਖੇ 21 ਜੂਨ ਨੂੰ ਮਨਾਏ ਜਾਣ ਵਾਲੇ ਜ਼ਿਲ੍ਹਾ ਪੱਧਰੀ ਅੰਤਰ ਰਾਸ਼ਟਰੀ ਯੋਗਾ ਦਿਵਸ ਦੇ ਮੱਦੇਨਜ਼ਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ। ਉਨ੍ਹਾਂ  ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸਮਾਗਮ ਵਾਲੀ ਥਾਂ ਤੇ ਮੈਡੀਕਲ ਟੀਮਾਂ ਦਾ ਪ੍ਰਬੰਧ ਕਰਨਾ ਯਕੀਨੀ ਬਣਾਇਆ ਜਾਵੇ। ਉਨ੍ਹਾਂ

ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਟ੍ਰੈਫਿਕ ਨੂੰ ਸੁਚਾਰੂ ਢੰਗ ਨਾਲ ਚਲਾਉਣ ਅਤੇ ਪਾਰਕਿੰਗ ਆਦਿ ਦੇ ਲੋੜੀਂਦੇ ਪ੍ਰਬੰਧ ਕਰਨ ਲਈ ਕਿਹਾ। ਉਨ੍ਹਾਂ ਮੰਡੀ ਬੋਰਡ ਨੂੰ ਪੀਣ ਵਾਲੇ ਪਾਣੀ, ਨਗਰ ਨਿਗਮ ਦੇ ਅਧਿਰਾਕੀਆਂ ਨੂੰ ਸਮਾਗਮ ਵਾਲੀ ਥਾਂ 'ਤੇ ਸਾਫ-ਸਫਾਈ ਨੂੰ ਯਕੀਨੀ ਬਣਾਉਣ ਲਈ ਹਦਾਇਤ ਕੀਤੀ।

--------------------------------------------------------

ਪੰਜਾਬ ਰਾਜ ਵਿਸ਼ੇਸ਼ ਆਪ੍ਰੇਸ਼ਨ ਸੈੱਲ (SSOC) ਨੇ ਇਸ ਮਹੀਨੇ ਦੇ ਸ਼ੁਰੂ ਵਿੱਚ ਜਲੰਧਰ ਜ਼ਿਲ੍ਹੇ ਦੇ ਫਿਲੌਰ ਦੇ ਨੰਗਲ ਵਿਖੇ ਡਾ. ਬੀ.ਆਰ. ਅੰਬੇਡਕਰ ਦੇ ਬੁੱਤ ਨੂੰ ਤੋੜਨ ਦੇ ਦੋਸ਼ ਵਿੱਚ ਪਾਬੰਦੀਸ਼ੁਦਾ ਸੰਗਠਨ ਸਿੱਖਸ ਫਾਰ ਜਸਟਿਸ ਦੇ ਇੱਕ ਮੁੱਖ ਕਾਰਕੁਨ ਰੇਸ਼ਮ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਏ । ਉਹ ਇਸ ਘਟਨਾ ਤੋਂ ਬਾਅਦ ਫਰਾਰ ਸੀ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਜਾਣਕਾਰੀ ਦਿੱਤੀ ਏ ਕਿ ਦੋਸ਼ੀ ਪਟਿਆਲਾ, ਫਰੀਦਕੋਟ, ਜਲੰਧਰ ਅਤੇ ਹੋਰ ਜ਼ਿਲ੍ਹਿਆਂ ਵਿੱਚ ਖਾਲਿਸਤਾਨ ਪੱਖੀ ਅਤੇ ਸਿੱਖਸ ਫਾਰ ਜਸਟਿਸ ਪੱਖੀ ਗ੍ਰੈਫਿਟੀ ਨਾਲ ਜਨਤਕ ਜਾਇਦਾਦ ਨੂੰ ਵਾਰ-ਵਾਰ

ਵਿਗਾੜਨ ਵਿੱਚ ਵੀ ਸ਼ਾਮਲ ਸੀ। ਉਹ ਅਮਰੀਕਾ ਸਥਿਤ ਸੁਰਿੰਦਰ ਸਿੰਘ ਠੀਕਰੀਵਾਲ - ਜੋ ਕਿ ਕਈ ਗੈਰ-ਕਾਨੂੰਨੀ ਗਤੀਵਿਧੀਆਂ ਦੀ ਰੋਕਥਾਮ ਬਾਰੇ ਐਕਟ (UAPA) ਮਾਮਲਿਆਂ ਵਿੱਚ ਲੋੜੀਂਦਾ ਅਪਰਾਧੀ ਏ ਅਤੇ ਸਿੱਖਸ ਫਾਰ ਜਸਟਿਸ ਮੁਖੀ ਗੁਰਪਤਵੰਤ ਸਿੰਘ ਪੰਨੂ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਿਹਾ ਸੀ।

ਉਹ ਆਪ੍ਰੇਸ਼ਨ ਸਿੰਦੂਰ ਦੌਰਾਨ ਜਨਤਕ ਅਸ਼ਾਂਤੀ ਭੜਕਾਉਣ ਅਤੇ ਦੇਸ਼ ਵਿਰੋਧੀ ਭਾਵਨਾਵਾਂ ਨੂੰ ਉਤਸ਼ਾਹਿਤ ਕਰਨ ਲਈ ਸੂਬੇ ਵਿੱਚ ਕੁਝ ਥਾਵਾਂ 'ਤੇ ਕੰਧਾਂ 'ਤੇ ਭੜਕਾਊ ਨਾਅਰੇ ਲਗਾਉਣ ਵਿੱਚ ਵੀ ਸ਼ਾਮਲ ਸੀ। ਸਬੂਤ ਦਰਸਾਉਂਦੇ ਨੇ ਕਿ ਉਸਨੂੰ ਇਨ੍ਹਾਂ ਗੈਰ-ਕਾਨੂੰਨੀ ਗਤੀਵਿਧੀਆਂ ਲਈ ਵਿਦੇਸ਼ੀ ਫੰਡਿੰਗ ਮਿਲ ਰਹੀ ਸੀ।

---------------------------------------------------

ਭਾਰਤ ਸਰਕਾਰ ਦੇ ਡਿਜੀਟਲ ਇੰਡੀਆ ਮਿਸ਼ਨ ਤਹਿਤ ਦੂਰਸੰਚਾਰ ਵਿਭਾਗ ਨਵੀਂ ਦਿੱਲੀ ਦੇ ਪ੍ਰਸ਼ਾਸਕ ਨੀਰਜ ਵਰਮਾ ਨੇ ਪੰਜਾਬ ਵਿੱਚ - ਦੂਰਸੰਚਾਰ ਵਿਭਾਗ ਦੀ ਭਾਰਤ ਨੈੱਟ ਯੋਜਨਾ ਦੇ ਲਾਗੂ ਕਰਨ ਦੀ ਪ੍ਰਗਤੀ ਦੀ ਸਮੀਖਿਆ ਮੀਟਿੰਗ ਕੀਤੀ। ਇਸ ਮੌਕੇ ਉਨਾਂ ਕਿਹਾ ਕਿ ਇਸ

ਯੋਜਨਾ ਤਹਿਤ ਸਰਕਾਰ ਸਾਰੇ ਪਿੰਡਾਂ ਨੂੰ ਡਿਜੀਟਲ ਰੂਪ ਵਿਚ ਡਿਜੀਟਲ ਭਾਰਤ ਨਿਧੀ ਨਾਲ ਜੋੜਨ ਲਈ ਵਚਨਬੱਧ ਏ, ਜਿੱਥੇ ਸਾਰੇ ਜਨਤਕ ਅਦਾਰੇ ਜਿਵੇਂ ਕਿ ਗ੍ਰਾਮ ਪੰਚਾਇਤ, ਜਨਤਕ ਸਿਹਤ ਕੇਂਦਰ, ਸਕੂਲ, ਸਹਿਕਾਰੀ ਬੈਂਕ, ਆਂਗਣਵਾੜੀਆਂ, ਨੂੰ ਹਾਈ ਸਪੀਡ ਇੰਟਰਨੈੱਟ ਸੇਵਾਵਾਂ ਨਾਲ ਜੋੜਿਆ ਜਾਵੇਗਾ। ਪ੍ਰਸ਼ਾਸਕ ਨੇ ਅੱਗੇ ਜ਼ੋਰ ਦਿੱਤਾ ਕਿ ਦੂਰਸੰਚਾਰ ਵਿਭਾਗ ਦੇਸ਼ ਭਰ ਵਿਚ ਭਾਰਤ ਸਰਕਾਰ ਦੀਆਂ ਨੀਤੀਆਂ ਨੂੰ ਲਾਗੂ ਕਰਨ ਲਈ ਵਚਨਬੱਧ ਏ | ਮੀਟਿੰਗ ਵਿਚ ਭਾਰਤ ਸੰਚਾਰ ਨਿਗਮ ਲਿਮਟਿਡ, ਪੰਜਾਬ ਦੇ ਅਧਿਕਾਰੀ ਤੇ ਵਧੀਕ ਡਾਇਰੈਕਟਰ ਜਨਰਲ, ਪੰਜਾਬ ਐਲ.ਐਸ.ਏ. ਦੇ ਅਧਿਕਾਰੀ ਵੀ ਮੌਜੂਦ ਸਨ ।

-------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਸਪਸ਼ਟ ਕੀਤਾ ਕਿ -ਭਾਰਤ ਨੇ ਪਾਕਿਸਤਾਨ ਨਾਲ ਮਾਮਲਿਆਂ ਨੂੰ ਸੁਲਝਾਉਣ ਵਿੱਚ, ਕਦੀ ਵੀ ਤੀਜੀ ਧਿਰ ਦੀ ਸਾਲਸੀ ਨੂੰ ਸਵੀਕਾਰ ਨਹੀਂ ਕੀਤਾ ਅਤੇ ਨਾ ਹੀ ਕਰੇਗਾ ।

- ਲੁਧਿਆਣਾ ਪੱਛਮੀ ਵਿਧਾਨ ਸਭਾ ਹਲਕੇ ਲਈ ਜ਼ਿਮਨੀ ਚੋਣ ਕੱਲ੍ਹ ਨੂੰ - ਸੁਚਾਰੂ ਢੰਗ ਨਾਲ ਵੋਟਿੰਗ ਕਰਵਾਉਣ ਲਈ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ -ਜ਼ਿਮਨੀ ਚੋਣ ਲਈ ਕੁੱਲ 14 ਉਮੀਦਵਾਰ ਚੋਣ ਮੈਦਾਨ 'ਚ I
- ਪੰਜਾਬ ਵਿਚ ਸੂਬਾ ਪੱਧਰੀ ਯੋਗ ਸਮਾਗਮ 2025', ਕੱਲ ਨੂੰ ਜਲੰਧਰ ਵਿਚ ਆਯੋਜਿਤ ਕੀਤਾ ਜਾਵੇਗਾ I
- ਪੰਜਾਬ ਰਾਜ ਵਿਸ਼ੇਸ਼ ਆਪ੍ਰੇਸ਼ਨ ਸੈੱਲ ਨੇ ਨੰਗਲ ਵਿਖੇ, ਡਾ. ਬੀ.ਆਰ. ਅੰਬੇਡਕਰ ਦੇ ਬੁੱਤ ਨੂੰ ਤੋੜਨ ਦੇ ਦੋਸ਼ ਵਿੱਚ ਪਾਬੰਦੀਸ਼ੁਦਾ ਸੰਗਠਨ ਸਿੱਖਸ ਫਾਰ ਜਸਟਿਸ ਦੇ ਇੱਕ ਮੁੱਖ ਕਾਰਕੁਨ ਨੂੰ ਕੀਤਾ ਗ੍ਰਿਫ਼ਤਾਰ ।